ਬਸੰਤੁ ਮਹਲਾ ੫ ॥ ਹੁਕਮੁ ਕਰਿ ਕੀਨ੍ਹੇ ਨਿਹਾਲ ॥ ਅਪਨੇ ਸੇਵਕ ਕਉ ਭਇਆ ਦਇਆਲੁ ॥ ੧॥ ਗੁਰਿ ਪੂਰੈ ਸਭੁ ਪੂਰਾ ਕੀਆ ॥ ਅੰਮ੍ਰਿਤ ਨਾਮੁ ਰਿਦ ਮਹਿ ਦੀਆ ॥੧॥ ਰਹਾਉ ॥ ਕਰਮੁ ਧਰਮੁ ਮੇਰਾ ਕਛੁ ਨ ਬੀਚਾਰਿਓ ॥ ਬਾਹ ਪਕਰਿ ਭਵਜਲੁ ਨਿਸਤਾਰਿਓ ॥੨॥ ਪ੍ਰਭਿ ਕਾਟਿ ਮੈਲੁ ਨਿਰਮਲ ਕਰੇ ॥ ਗੁਰ ਪੂਰੇ ਕੀ ਸਰਣੀ ਪਰੇ ॥੩॥ ਆਪਿ ਕਰਹਿ ਆਪਿ ਕਰਣੈਹਾਰੇ ॥ ਕਰਿ ਕਿਰਪਾ ਨਾਨਕ ਉਧਾਰੇ ॥੪॥੪॥੧੭॥ {ਪੰਨਾ 1184-1185}

ਪਦਅਰਥ:- ਹੁਕਮੁ ਕਰਿ—ਹੁਕਮ ਦੇ ਕੇ। ਨਿਹਾਲ—ਪ੍ਰਸੰਨ-ਚਿੱਤ। ਸੇਵਕ ਕਉ—ਸੇਵਕਾਂ ਉਤੇ। ਦਇਆਲੁ—ਦਇਆਵਾਨ।1।

ਗੁਰਿ ਪੂਰੈ—ਪੂਰੇ ਗੁਰੂ ਨੇ। ਸਭੁ—ਹਰੇਕ ਕੰਮ। ਪੂਰਾ ਕੀਆ—ਸਿਰੇ ਚਾੜ੍ਹ ਦਿੱਤਾ। ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ। ਰਿਦ ਮਹਿ—ਹਿਰਦੇ ਵਿਚ।1। ਰਹਾਉ।

ਕਰਮੁ—ਚੰਗਾ ਕੰਮ। ਪਕਰਿ—ਫੜ ਕੇ। ਭਵਜਲੁ—ਸੰਸਾਰ-ਸਮੁੰਦਰ। ਨਿਸਤਾਰਿਓ—ਪਾਰ ਲੰਘਾ ਦਿੱਤਾ।2।

ਪ੍ਰਭਿ—ਪ੍ਰਭੂ ਨੇ। ਕਾਟਿ—ਕੱਟ ਕੇ, ਦੂਰ ਕਰ ਕੇ।3।

ਕਰਹਿ—ਤੂੰ ਕਰਦਾ ਹੈਂ, ਕਰਹਿਂ। ਕਰਣੈਹਾਰੇ—ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! ਕਰਿ—ਕਰ ਕੇ। ਉਧਾਰੇ—ਉਧਾਰਿ, ਪਾਰ ਲੰਘਾ ਲੈ।4।

ਅਰਥ:- ਹੇ ਭਾਈ! ਪੂਰੇ ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਹਰਿ ਨਾਮ (ਜਿਸ ਮਨੁੱਖ ਦੇ) ਹਿਰਦੇ ਵਿਚ ਵਸਾ ਦਿੱਤਾ, (ਉਸ ਮਨੁੱਖ ਦਾ ਉਸ ਨੇ) ਹਰੇਕ ਕੰਮ ਸਿਰੇ ਚਾੜ੍ਹ ਦਿੱਤਾ (ਉਸ ਦਾ ਸਾਰਾ ਜੀਵਨ ਸਫਲ ਕਰ ਦਿੱਤਾ)।1। ਰਹਾਉ।

ਹੇ ਭਾਈ! ਪਰਮਾਤਮਾ ਆਪਣੇ ਸੇਵਕਾਂ ਉੱਤੇ (ਸਦਾ) ਦਇਆਵਾਨ ਹੁੰਦਾ ਹੈ, ਆਪਣੇ ਹੁਕਮ ਅਨੁਸਾਰ ਉਹਨਾਂ ਨੂੰ ਪ੍ਰਸੰਨ-ਚਿੱਤ ਰੱਖਦਾ ਹੈ।1।

ਹੇ ਭਾਈ! (ਗੁਰੂ ਨੇ) ਮੇਰਾ (ਭੀ) ਕੋਈ (ਚੰਗਾ) ਕਰਮ ਨਹੀਂ ਵਿਚਾਰਿਆ ਮੇਰਾ ਕੋਈ ਧਰਮ ਨਹੀਂ ਵਿਚਾਰਿਆ, ਬਾਹੋਂ ਫੜ ਕੇ ਉਸ ਨੇ (ਮੈਨੂੰ) ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਪਾਰ ਲੰਘਾ ਦਿੱਤਾ ਹੈ।2।

ਹੇ ਭਾਈ! ਜਿਹੜੇ ਭੀ ਮਨੁੱਖ ਪੂਰੇ ਗੁਰੂ ਦੀ ਸਰਨ ਪੈ ਗਏ, ਪਰਮਾਤਮਾ ਨੇ (ਆਪ ਉਹਨਾਂ ਦੇ ਅੰਦਰੋਂ ਵਿਕਾਰਾਂ ਦੀ) ਮੈਲ ਕੱਟ ਕੇ ਉਹਨਾਂ ਨੂੰ ਪਵਿੱਤਰ ਜੀਵਨ ਵਾਲਾ ਬਣਾ ਲਿਆ।3।

ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! ਤੂੰ ਸਭ ਕੁਝ ਆਪ ਹੀ ਕਰ ਰਿਹਾ ਹੈਂ। ਮਿਹਰ ਕਰ ਕੇ (ਮੈਨੂੰ) ਨਾਨਕ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ।4। 4। 17।